# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :30-08-2026**

- ਆਕਾਸ਼ਵਾਣੀ ਤੋਂ ਮੰਨ ਕੀ ਬਾਤ ਪ੍ਰੋਗ੍ਰਾਮ ਵਿਚ ਪ੍ਰਧਾਨ ਮੰਤਰੀ ਨੇ ਨਸ਼ਾ ਮੁਕਤ ਭਾਰਤ ‘ਤੇ ਜ਼ੋਰ ਦਿੱਤਾ. ਓਹਨਾਂ ਨੌਜਵਾਨ ਸੰਗੀਤਕਾਰਾਂ ਨੂੰ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਦੇਣ ਵਾਲੇ ਗੀਤ ਲਿਖਣ ਦੀ ਅਪੀਲ ਕੀਤੀ.
- ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਹਰ ਵਰਗ ਨੂੰ ਨਸ਼ਾ ਮੁਕਤ ਭਾਰਤ ਮੁਹਿੰਮ ਦਾ ਹਿੱਸਾ ਬਣਾ ਕੇ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਦਾ ਸੱਦਾ ਦਿੱਤਾ ਏ.
- ਪੰਜਾਬ ਸਰਕਾਰ ਵਲੋਂ ਵਿਸ਼ਵ ਪੱਧਰੀ ਟੈਸਟਿੰਗ ਅਤੇ ਸਰਟੀਫਿਕੇਸ਼ਨ ਸਹੂਲਤਾਂ, ਸੂਬੇ ਦੇ ਸਨਅਤੀ ਕੇਂਦਰਾਂ ਨੂੰ ਉਨ੍ਹਾਂ ਦੇ ਨਜ਼ਦੀਕ ਪ੍ਰਦਾਨ ਕਰਨ ਵਾਸਤੇ ਨੈਸ਼ਨਲ ਟੈਸਟ ਹਾਊਸ ਨਾਲ
- ਪੰਜਾਬ ਦੇ ਆਸ਼ਰਿਤ ਅਤੇ ਅਨਾਥ ਬੱਚਿਆਂ ਦੀ ਭਲਾਈ ਲਈ ਸੂਬਾ ਸਰਕਾਰ ਵਲੋਂ ਮਾਲੀ ਸਾਲ 2026-27 ਦੌਰਾਨ ਹੁਣ ਤਕ 181 ਕਰੋੜ ਰੁਪਏ ਤੋਂ ਵਧ ਦੀ ਰਕਮ ਜਾਰੀ ਕੀਤੀ ਜਾ ਚੁਕੀ ਏ.

- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅੱਜ ਦੁਬਈ ਇੰਟਰਨੈਸ਼ਨਲ ਕ੍ਰਿਕੇਟ ਸਟੇਡੀਅਮ ਵਿਚ ਥਾਈਲੈਂਡ ਖਿਲਾਫ਼ ਆਪਣੀ twenty – twenty ਏਸ਼ੀਆ ਕੱਪ ਮੁਹਿੰਮ ਦੀ ਸ਼ੁਰੂਆਤ ਕਰੇਗਾ

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਿਤ ਭਾਰਤ ਲਈ ਨਸ਼ਾ ਮੁਕਤ ਯੁਵਾ ਮੁਹਿੰਮ ਦੇਸ਼ ਭਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਹੀ ਏ । ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਬਹੁਤ ਸਾਰੇ ਲੋਕ, ਖਾਸ ਕਰਕੇ ਨੌਜਵਾਨ, ਨਸ਼ਾ ਮੁਕਤ ਯੁਵਾ ਅਤੇ ਨਸ਼ਾ ਮੁਕਤ ਭਾਰਤ ਦੀ ਮੁਹਿੰਮ ਦਾ ਹਿੱਸਾ ਬਣ ਰਹੇ ਨੇ. ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਨਸ਼ਾ ਮੁਕਤ ਭਾਰਤ ਲਈ ਸ਼ਕਤੀਸ਼ਾਲੀ ਨਾਅਰੇ ਬਣਾਉਣ ਅਤੇ ਨੌਜਵਾਨ ਸੰਗੀਤਕਾਰਾਂ ਨੂੰ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਦੇਣ ਵਾਲੇ ਗੀਤ ਲਿਖਣ ਦੀ ਅਪੀਲ ਕੀਤੀ- byte – NASHA MUKT BHARAT

ਪ੍ਰਧਾਨ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸਵਾਨਿਧਿ ਯੋਜਨਾ ਰਾਹੀਂ ਲੱਖਾਂ ਔਰਤਾਂ ਨਵੀਂ ਤਾਕਤ ਹਾਸਿਲ ਕਰ ਰਹੀਆਂ ਨੇ.ਓਹਨਾਂ ਕਿਹਾ ਕਿ ਅੱਜ ਦੇਸ਼ ਦੀਆਂ ਧੀਆਂ ਦੇ ਸੁਪਨੇ ਪੁਲਾੜ ਵਿੱਚ ਪਹੁੰਚ ਰਹੇ ਨੇ. ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਤਿਉਹਾਰਾਂ ਦੀ ਇਸ ਰੁਤ ਦੌਰਾਨ ਵੋਕਲ ਫਾਰ ਲੋਕਲ ਦੀ ਹਮਾਇਤ ਕਰਨ ਦੀ ਅਪੀਲ ਕੀਤੀ- byte – PM VOCAL ON LOCAL - 26 sec

---

ਭਾਰਤੀ ਜਨਤਾ ਪਾਰਟੀ ਵੱਲੋਂ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ "ਮਨ ਕੀ ਬਾਤ" ਦੇ 137ਵੇ ਐਡੀਸ਼ਨ ਲਈ ਮੋਹਾਲੀ ਜ਼ਿਲੇ ਦੇ ਹਲਕੇ ਖਰੜ ਦੇ ਪਿੰਡ ਝੰਜੇੜੀ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਖਾਸ ਤੌਰ 'ਤੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਮਨ ਕੀ ਬਾਤ ਪ੍ਰੋਗ੍ਰਾਮ ਸੁਣਿਆ । ਇਸ ਉਪਰੰਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ 'ਮਨ ਕੀ ਬਾਤ' ਸਿਰਫ਼ ਇੱਕ ਪ੍ਰੋਗਰਾਮ ਨਹੀਂ, ਸਗੋਂ ਰਾਸ਼ਟਰ ਨਿਰਮਾਣ, ਜਨਤਕ ਹਿੱਸੇਦਾਰੀ ਅਤੇ ਸਮਾਜਿਕ ਜਾਗਰੂਕਤਾ ਦਾ ਇੱਕ ਪ੍ਰਭਾਵਸ਼ਾਲੀ ਮੰਚ ਬਣ ਚੁੱਕਾ ਏ । ਸ਼੍ਰੀ ਢਿੱਲੋਂ ਨੇ ਕਿਹਾ ਕਿ ਅੱਜ ਦੇ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨੇ ਨਸ਼ੇ ਦੇ ਮੁੱਦੇ ਨੂੰ ਉਭਾਰਿਆ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਉਪਰ ਜ਼ੋਰ ਦਿੱਤਾ ਏ । ਉਹਨਾਂ ਕਿਹਾ ਕਿ ਇਸ ਨਸ਼ਾ ਮੁਕਤ ਮੁਹਿੰਮ ਦੀ ਸਭ ਤੋਂ ਵਧੇਰੇ ਲੋੜ ਪੰਜਾਬ ਨੂੰ ਏ, ਕਿਉਂਕਿ ਪੰਜਾਬ ਇਸ ਸਮੇਂ ਨਸ਼ੇ ਦੀ ਦਲਦਲ ਵਿੱਚ ਡੁੱਬ ਚੁੱਕਿਆ ਏ । ਉਹਨਾਂ ਹਰ ਵਰਗ ਨੂੰ ਇਸ ਮੁਹਿੰਮ ਦਾ ਹਿੱਸਾ ਬਣਾ ਕੇ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਦਾ ਸੱਦਾ ਦਿੱਤਾ ਤੇ ਕਿਹਾ ਕਿ 'ਨਸ਼ਾ-ਮੁਕਤ ਯੁਵਾ ਫ਼ਾਰ ਵਿਕਸਿਤ ਭਾਰਤ' ਮੁਹਿੰਮ ਦਾ ਸਾਥ ਦੇ ਕੇ ਦੇਸ਼ ਦੇ ਨੌਜਵਾਨਾਂ ਦਾ ਰੌਸ਼ਨ ਭਵਿੱਖ ਬਣਾਉਣ ਦੀ ਲੋੜ ਏ ।

---------------------------------------------------------------------------

ਪੰਜਾਬ ਦੇ ਸਨਅਤ ਤੇ ਵਪਾਰ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਏ ਕਿ ਸੂਬੇ ਦੇ ਸਨਅਤੀ ਸਿਲਸਿਲੇ ਅਤੇ ਇਸ ਦੀਆਂ ਵਿਸ਼ਵਵਿਆਪੀ ਸਮਰੱਥਾਵਾਂ ਨੂੰ ਵੱਡਾ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਨੇ ਵਿਸ਼ਵ ਪੱਧਰੀ ਟੈਸਟਿੰਗ ਅਤੇ ਸਰਟੀਫਿਕੇਸ਼ਨ ਸਹੂਲਤਾਂ ਸੂਬੇ ਦੇ ਸਨਅਤੀ ਕੇਂਦਰਾਂ ਨੂੰ ਉਨ੍ਹਾਂ ਦੇ ਨਜ਼ਦੀਕ ਪ੍ਰਦਾਨ ਕਰਨ ਵਾਸਤੇ ਨੈਸ਼ਨਲ ਟੈਸਟ ਹਾਊਸ (ਐਨ.ਟੀ.ਐਚ.) ਨਾਲ ਭਾਈਵਾਲੀ ਕੀਤੀ ਏ। ਇਹ ਭਾਈਵਾਲੀ ਪਾਲਣਾ ਲਾਗਤਾਂ ਅਤੇ ਮਿਆਰੀ ਉਤਪਾਦਾਂ ਦੇ ਨਿਰਮਾਣ ‘ਤੇ ਲੱਗਣ ਵਾਲਾ ਸਮਾਂ ਘਟਾਉਣ ਦੇ ਨਾਲ ਨਾਲ ਐਮ.ਐਸ.ਐਮ.ਈਜ਼ ਅਤੇ ਬਰਾਮਦਕਾਰਾਂ ਲਈ ਬਿਹਤਰ ਲਾਭ ਯਕੀਨੀ ਬਣਾਏਗੀ। ਪੰਜਾਬ ਸਰਕਾਰ ਦੇ ਵਪਾਰ ਤੇ ਸਨਅਤ ਵਿਭਾਗ ਅਤੇ ਐਨ.ਟੀ.ਐਚ. ਦਰਮਿਆਨ ਇਹ ਭਾਈਵਾਲੀ ਬੰਗਲੁਰੂ ਵਿੱਚ ਐਨ.ਟੀ.ਐਚ. ਦੇ 115ਵੇਂ ਸਥਾਪਨਾ ਦਿਵਸ ਸਮਾਰੋਹ ਦੌਰਾਨ ਕੀਤੀ ਗਈ। ਇਸ ਸਮਝੌਤੇ ਦੇ ਦਸਤਾਵੇਜਾਂ ਦਾ ਸਨਅਤ ਤੇ ਵਪਾਰ ਵਿਭਾਗ ਦੇ ਡਾਇਰੈਕਟਰ ਸ੍ਰੀ ਜਸਪ੍ਰੀਤ ਸਿੰਘ ਅਤੇ ਐਨ.ਟੀ.ਐਚ. ਦੇ ਡਾਇਰੈਕਟਰ ਜਨਰਲ ਡਾ. ਆਲੋਕ ਕੁਮਾਰ ਸ੍ਰੀਵਾਸਤਵ ਦਰਮਿਆਨ ਵਟਾਂਦਰਾ ਕੀਤਾ ਗਿਆ. ਇਸ ਭਾਈਵਾਲੀ ਦਾ ਸਵਾਗਤ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ, “ਪੰਜਾਬ ਦੇ ਐਮ.ਐਸ.ਐਮ.ਈਜ਼ ਅਤੇ ਬਰਾਮਦਕਾਰ ਗੁਣਵੱਤਾ ਰਾਹੀਂ ਵਿਸ਼ਵ ਪੱਧਰੀ ਬਾਜ਼ਾਰਾਂ ਤੱਕ ਪਹੁੰਚ ਬਣਾ ਸਕਦੇ ਨੇ.

ਇਸ ਸਮਝੌਤੇ ਦੇ ਹਿੱਸੇ ਵਜੋਂ, ਨਾਰਥਨ ਇੰਡੀਅਨ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ ਜਲੰਧਰ ਵਿਖੇ ਇੱਕ ਅਤਿ-ਆਧੁਨਿਕ ਐਨਟੀਐਚ ਲੈਬ ਸਥਾਪਿਤ ਕੀਤੀ ਜਾਵੇਗੀ, ਜੋ ਕਿ ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਦੇ ਸਨਅਤੀ ਕੇਂਦਰਾਂ ਨੂੰ ਸੇਵਾਵਾਂ ਪ੍ਰਦਾਨ ਕਰੇਗੀ।

---------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ ਸੁਰੱਖਿਅਤ ਬਚਪਨ, ਬਿਹਤਰ ਸਿੱਖਿਆ ਅਤੇ ਸਨਮਾਨਤ ਜੀਵਨ ਯਕੀਨੀ ਬਣਾਉਣ ਲਈ ਮਾਲੀ ਸਾਲ 2026-27 ਦੌਰਾਨ ਸੂਬਾ ਸਰਕਾਰ ਵੱਲੋਂ 432 ਕਰੋੜ ਰੁਪਏ ਤੋਂ ਵਧ ਦਾ ਦਾ ਬਜਟ ਪ੍ਰਬੰਧ ਕੀਤਾ ਗਿਆ ਏ । ਇਸ ਵਿੱਚੋਂ ਹੁਣ ਤੱਕ 181.23 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਨੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ ਕਰੀਬ 2 ਲਖ 45 ਹਜ਼ਾਰ ਆਸ਼ਰਿਤ ਅਤੇ ਅਨਾਥ ਬੱਚਿਆਂ ਨੂੰ ਨਿਯਮਿਤ ਮਾਲੀ ਸਹਾਇਤਾ ਦਿੱਤੀ ਜਾ ਰਹੀ ਏ । ਇਹ ਸਹਾਇਤਾ ਉਨ੍ਹਾਂ ਦੀ ਪੜ੍ਹਾਈ, ਰੋਜ਼ਾਨਾ ਦੀਆਂ ਲੋੜਾਂ ਅਤੇ ਬਿਹਤਰ ਭਵਿੱਖ ਲਈ ਮਜ਼ਬੂਤ ਆਧਾਰ ਬਣ ਰਹੀ ਏ ।

---------------------------------------------------------------------

ਭਾਰਤ ਦੀਆਂ ਸਭ ਤੋਂ ਮਹਾਨ ਖੇਡ ਸ਼ਖਸ਼ੀਅਤਾਂ ਵਿੱਚੋਂ ਇੱਕ,ਤੇ ਹਾਕੀ ਦੇ ਜਾਦੂਗਰ ਦੇ ਨਾਂ ਨਾਲ ਜਾਣੇ ਜਾਂਦੇ ਮੇਜਰ ਧਿਆਨ ਚੰਦ ਦੇ ਜਨਮ ਦਿਨ

ਮੌਕੇ 29 ਅਗਸਤ ਨੂੰ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ ਏ ।ਇਸ ਮੌਕੇ ਪੰਜਾਬ ਭਰ ਵਿਚ ਵਖ – ਵਖ ਗਤੀਵਿਧੀਆਂ ਕਰਾਇਆ ਗਈਆਂ. **ਇਸੇ ਸੰਬੰਧ 'ਚ ਮੁਲਾਜ਼ਮਾਂ ਦੇ ਪ੍ਰਾਵੀਡੈਂਡ ਫੰਡ ਬਾਰੇ ਸੰਗਠਨ (EPFO), ਖੇਤਰੀ ਦਫ਼ਤਰ, ਲੁਧਿਆਣਾ ਨੇ ਅੱਜ ਇੱਕ ਸਾਈਕਲ ਰੈਲੀ ਕਰਾਈ**. ਸ੍ਰੀ ਸੌਰਭ ਸਵਾਮੀ, ਖੇਤਰੀ ਪ੍ਰੋਵੀਡੈਂਟ ਕਮਿਸ਼ਨਰ-1 ਦੀ ਅਗਵਾਈ ਹੇਠ ਰੈਲੀ ਐਸਬੀਐਸ ਨਗਰ, ਲੁਧਿਆਣਾ ਦੇ ਭਵਿੱਖ ਨਿਧੀ ਐਨਕਲੇਵ ਤੋਂ ਸ਼ੁਰੂ ਹੋਈ ਅਤੇ ਲੁਧਿਆਣਾ ਦੇ ਭਵਿੱਖ ਨਿਧੀ ਐਨਕਲੇਵ ਦੇ ਪਾਰਕ ਵਿੱਚ ਸਮਾਪਤ ਹੋਈ। **ਨੇਤਾਜੀ ਸੁਭਾਸ਼ ਰਾਸ਼ਟਰੀ ਖੇਡ ਸੰਸਥਾਨ, ਪਟਿਆਲਾ ਵਿਖੇ ਵੀ ਰਾਸ਼ਟਰੀ ਖੇਡ ਦਿਵਸ ਦਾ ਆਯੋਜਨ ਹੋਇਆ ਓਧਰ ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਵਲੋਂ 28 ਤੋਂ 30 ਅਗਸਤ, 2026 ਤੱਕ ਤਿੰਨ ਦਿਨਾਂ ਦੇ ਰਾਸ਼ਟਰੀ ਖੇਡ ਦਿਵਸ ਸਮਾਰੋਹ ਦੀ ਅੱਜ "ਸੰਡੇਜ਼ ਔਨ ਸਾਇਕਲ" ਸਾਇਕਲਿੰਗ ਪ੍ਰੋਗਰਾਮ ਨਾਲ ਸਮਾਪਤੀ ਹੋਈ.**

-----------------------------------------------------------------

ਕਪੂਰਥਲਾ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਨ ਫ਼ਾਰ ਇਕੁਐਲਿਟੀ' ਮੈਰਾਥਨ ਕੱਲ ਸਵੇਰੇ ਕਰਾਈ ਜਾ ਰਹੀ ਏ. ਇਸ ਮੈਰਾਥਨ ਦੀਆਂ ਤਿਆਰੀਆਂ ਦਾ ਅੱਜ ਵਧੀਕ ਡਿਪਟੀ ਕਮਿਸ਼ਨਰ ਵਰਿੰਦਰ ਪਾਲ ਸਿੰਘ ਬਾਜਵਾ ਨੇ ਜਾਇਜ਼ਾ ਲਿਆ। ਇਹ ਮੈਰਾਥਨ ਸਵੇਰੇ 6 ਵਜੇ ਗੁਰੂ ਨਾਨਕ

ਸਟੇਡੀਅਮ ਤੋਂ ਸ਼ੁਰੂ ਹੋਵੇਗੀ, ਰਮਾਡਾ ਹੋਟਲ ਵੱਲ ਜਾਵੇਗੀ ਅਤੇ ਵਾਪਿਸ ਗੁਰੂ ਨਾਨਕ ਸਟੇਡੀਅਮ ਆ ਕੇ ਸਮਾਪਤ ਹੋਵੇਗੀ।

--------------------------------------------------------------------------------------------

ਕਲ੍ਹ ਜਲੰਧਰ ਵਿਚ ਸ਼ਾਨਦਾਰ ਨਾਟਕੀ ਅਤੇ ਸੰਗੀਤਕ ਪੇਸ਼ਕਾਰੀ ‘ਹਮਾਰੇ ਰਾਮ’ ਦਾ ਮੰਚਨ ਕੀਤਾ ਗਿਆ ਜਿਸ ਨੂੰ ਦਰਸ਼ਕਾਂ ਦਾ ਭਰਵਾਂ ਹੁੰਗਾਰਾ ਮਿਲਿਆ। ਸੀ.ਟੀ. ਗਰੁੱਪ ਆਫ ਇੰਸਟੀਚਿਊਸ਼ਨਜ਼ ਸ਼ਾਹਪੁਰ ਕੈਂਪਸ ਵਿਖੇ ਇਸ ਪੇਸ਼ਕਾਰੀ ਨੂੰ ਦੇਖਣ ਲਈ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ । ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਜਲੰਧਰ ਵਿਖੇ ਕਰਵਾਈ ਜਾ ਰਹੀ ‘ਹਮਾਰੇ ਰਾਮ’ ਨਾਟਕ ਦੀ ਪੇਸ਼ਕਾਰੀ ਦੇ ਦੂਜੇ ਦਿਨ ਦਰਸ਼ਕਾਂ ਵਿੱਚ ਸ਼ਾਮਲ ਹੋ ਕੇ ਸ਼ੋਅ ਦਾ ਆਨੰਦ ਮਾਣਿਆ।

--------------------------------------------------------------------------------------------

ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅੱਜ ਦੁਬਈ ਇੰਟਰਨੈਸ਼ਨਲ ਕ੍ਰਿਕੇਟ ਸਟੇਡੀਅਮ ਵਿਚ ਥਾਈਲੈਂਡ ਖਿਲਾਫ਼ ਆਪਣੀ twenty – twenty ਏਸ਼ੀਆ ਕੱਪ ਮੁਹਿੰਮ ਦੀ ਸ਼ੁਰੂਆਤ ਕਰੇਗਾ. ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 8 ਵਜੇ ਸ਼ੁਰੂ ਹੋਏਗਾ.

--------------------------------------------------------------------------------------------

- ਆਕਾਸ਼ਵਾਣੀ ਤੋਂ ਮੰਨ ਕੀ ਬਾਤ ਪ੍ਰੋਗ੍ਰਾਮ ਵਿਚ ਪ੍ਰਧਾਨ ਮੰਤਰੀ ਨੇ ਨਸ਼ਾ ਮੁਕਤ ਭਾਰਤ ‘ਤੇ ਜ਼ੋਰ ਦਿੱਤਾ. ਓਹਨਾਂ ਨੌਜਵਾਨ ਸੰਗੀਤਕਾਰਾਂ ਨੂੰ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਦੇਣ ਵਾਲੇ ਗੀਤ ਲਿਖਣ ਦੀ ਅਪੀਲ ਕੀਤੀ.

- ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਹਰ ਵਰਗ ਨੂੰ ਨਸ਼ਾ ਮੁਕਤ ਭਾਰਤ ਮੁਹਿੰਮ ਦਾ ਹਿੱਸਾ ਬਣਾ ਕੇ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਦਾ ਸੱਦਾ ਦਿੱਤਾ ਏ.
- ਪੰਜਾਬ ਸਰਕਾਰ ਵਲੋਂ ਵਿਸ਼ਵ ਪੱਧਰੀ ਟੈਸਟਿੰਗ ਅਤੇ ਸਰਟੀਫਿਕੇਸ਼ਨ ਸਹੂਲਤਾਂ, ਸੂਬੇ ਦੇ ਸਨਅਤੀ ਕੇਂਦਰਾਂ ਨੂੰ ਉਨ੍ਹਾਂ ਦੇ ਨਜ਼ਦੀਕ ਪ੍ਰਦਾਨ ਕਰਨ ਵਾਸਤੇ ਨੈਸ਼ਨਲ ਟੈਸਟ ਹਾਊਸ ਨਾਲ
- ਪੰਜਾਬ ਦੇ ਆਸ਼ਰਿਤ ਅਤੇ ਅਨਾਥ ਬੱਚਿਆਂ ਦੀ ਭਲਾਈ ਲਈ ਸੂਬਾ ਸਰਕਾਰ ਵਲੋਂ ਮਾਲੀ ਸਾਲ 2026-27 ਦੌਰਾਨ ਹੁਣ ਤਕ 181 ਕਰੋੜ ਰੁਪਏ ਤੋਂ ਵਧ ਦੀ ਰਕਮ ਜਾਰੀ ਕੀਤੀ ਜਾ ਚੁਕੀ ਏ.
- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅੱਜ ਦੁਬਈ ਇੰਟਰਨੈਸ਼ਨਲ ਕ੍ਰਿਕੇਟ ਸਟੇਡੀਅਮ ਵਿਚ ਥਾਈਲੈਂਡ ਖਿਲਾਫ਼ ਆਪਣੀ twenty – twenty ਏਸ਼ੀਆ ਕੱਪ ਮੁਹਿੰਮ ਦੀ ਸ਼ੁਰੂਆਤ ਕਰੇਗਾ

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ .ਨਮਸ੍ਕਾਰ**